PSEB-AFF0S031(T002)/12/2023-AS 09-AFF BRANCH-PSEBI/121757/2025

# ਪੰਜਾਬ ਸਕੂਲ ਸਿੱਖਿਆ ਬੋਰਡ

## (ਐਫੀਲੀਏਸ਼ਨ ਸ਼ਾਖਾ)

ਵੱਲ

ਪ੍ਰਿੰਸੀਪਲ / ਮੁੱਖ ਅਧਿਆਪਕ/ਅਧਿਆਪਿਕਾ,
ਸਮੂਹ ਐਫੀਲੀਏਟਿਡ/ਐਸੋਸੀਏਟਿਡ ਸਕੂਲਜ਼, ਪੰਜਾਬ।

ਨੰਬਰ: (E-180856) ਪਸਸਬ-ਐਫੀ: 2025/ 2795 ਮਿਤੀ: 22/07/25

**ਵਿਸ਼ਾ:-** **ਰਾਜ ਵਿੱਚ ਸੀਨੀਅਰ ਸੈਕੰਡਰੀ ਜਮਾਤਾਂ ਦੇ ਵਿਦਿਆਰਥੀਆਂ ਲਈ ਸਿਹਤ ਤੇ ਖੁਸ਼ਹਾਲੀ ਲਈ ਦੁੱਧ ਵਿਸ਼ੇ ਤੇ ਲੇਖ ਮੁਕਾਬਲਾ ਕਰਵਾਉਣ ਸਬੰਧੀ।**

ਉਪਰੋਕਤ ਵਿਸੇ ਸਬੰਧੀ ਡਾਇਰੈਕਟਰ, ਡੇਅਰੀ ਵਿਕਾਸ ਵਿਭਾਗ, ਪੰਜਾਬ ਦਾ ਪੱਤਰ ਨੰ: ਪੀ.ਡੀ.ਡੀ.ਪੀ-4/2025/1203 ਮਿਤੀ 01-07-2025 (ਕਾਪੀ ਨੱਥੀ) ਪ੍ਰਾਪਤ ਹੋਇਆ ਹੈ ਜਿਸ ਅਨੁਸਾਰ ਸੀਨੀਅਰ ਸੈਕੰਡਰੀ ਜਮਾਤਾਂ ਦੇ ਵਿਦਿਆਰਥੀਆਂ ਲਈ ਦੁੱਧ ਦੀ ਮਹੱਤਤਾ ਸਬੰਧੀ ਲੇਖ ਮੁਕਾਬਲਾ ਕਰਵਾਇਆ ਜਾ ਰਿਹਾ ਹੈ। ਇਸ ਲਈ ਆਪਣੇ ਸਕੂਲ ਦੇ ਵਿਦਿਆਰਥੀਆਂ ਨੂੰ ਇਸ ਲੇਖ ਮੁਕਾਬਲੇ ਵਿੱਚ ਭਾਗ ਲੈਣ ਲਈ ਪ੍ਰੇਰਿਤ ਕੀਤਾ ਜਾਵੇ। ਵਧੇਰੇ ਜਾਣਕਾਰੀ ਲਈ ਪੰਜਾਬ ਡੇਅਰੀ ਵਿਕਾਸ ਬੋਰਡ ਦੀ ਈਮੇਲ ਆਈ.ਡੀ dir.dairy@punjab.gov.in ਤੇ ਸੰਪਰਕ ਕਰ ਲਿਆ ਜਾਵੇ।

22/7/25
ਸੁਪਰਡੰਟ (ਐਫੀਲੀਏਸ਼ਨ)
ਵਾ: ਸਕੱਤਰ, ਪੰਜਾਬ ਸਕੂਲ ਸਿੱਖਿਆ ਬੋਰਡ।

**Punjab Dairy Development Board**

ਪੰਜਾਬ ਡੇਅਰੀ ਵਿਕਾਸ ਬੋਰਡ

ਲਾਈਵਸਟਾਕ ਕੰਪਲੈਕਸ, ਚੌਥੀ ਮੰਜਿਲ, ਨੇੜੇ ਆਰਮੀ ਇੰਸਟੀਚਿਊਟ ਆਫ ਲਾਅ

ਸੈਕਟਰ-68, ਐਸ.ਏ.ਐਸ ਨਗਰ, ਫੋਨ ਨੰ. 0172-5027285, 2217020,

Email id: dir.dairy@punjab.gov.in


ਸੇਵਾ ਵਿਖੇ,

ਸਕੱਤਰ,
ਪੰਜਾਬ ਸਕੂਲ ਸਿਖਿਆ ਬੋਰਡ,
ਸੈਕਟਰ 62, ਐਸ.ਏ.ਐਸ. ਨਗਰ।

ਨੰ.ਪੀ.ਡੀ.ਡੀ.ਬੀ/ਪੀ-4/2025/1203 ਮਿਤੀ 01/07/25

ਵਿਸ਼ਾ- **ਰਾਜ ਵਿੱਚ ਸੀਨੀਅਰ ਸੈਕੰਡਰੀ ਜਮਾਤਾਂ ਦੇ ਵਿਦਿਆਰਥੀਆਂ ਲਈ ਸਿਹਤ ਤੇ ਖੁਸ਼ਹਾਲੀ ਲਈ ਦੁੱਧ ਵਿਸ਼ੇ ਤੇ ਲੇਖ ਮੁਕਾਬਲਾ ਕਰਵਾਉਣ ਸਬੰਧੀ।**

ਪੰਜਾਬ ਡੇਅਰੀ ਵਿਕਾਸ ਬੋਰਡ ਵੱਲੋਂ ਰਾਜ ਵਿੱਚ ਸੀਨੀਅਰ ਸੈਕੰਡਰੀ ਜਮਾਤਾਂ ਦੇ ਵਿਦਿਆਰਥੀਆਂ ਲਈ ਦੁੱਧ ਦੀ ਮਹੱਤਤਾ ਸਬੰਧੀ ਲੇਖ ਮੁਕਾਬਲਾ ਕਰਵਾਇਆ ਜਾ ਰਿਹਾ ਹੈ। ਜਿਸ ਦਾ ਮੁੱਖ ਮਕਸਦ ਇਸ ਵਰਗ ਦੇ ਬੱਚਿਆਂ ਨੂੰ ਦੁੱਧ ਦੀ ਮਹੱਤਤਾ ਬਾਰੇ ਜਾਗਰੂਕ ਕਰਨਾ ਅਤੇ ਨਰੋਈ ਸਿਹਤ ਪ੍ਰਤੀ ਚੇਤਨ ਕਰਨਾ ਹੈ। ਇਸ ਨਾਲ ਬੱਚਿਆਂ ਦੀ ਲਿਖਣ ਕਲਾ ਵਿੱਚ ਵੀ ਨਿਖਾਰ ਆਉਂਦਾ ਹੈ। ਇਸ ਸਾਲ ਦੇ ਲੇਖ ਦਾ ਵਿਸ਼ਾ ਸਿਹਤ ਤੇ ਖੁਸ਼ਹਾਲੀ ਲਈ ਦੁੱਧ ਰੱਖਿਆ ਗਿਆ ਹੈ। ਇਹ ਲੇਖ ਪੰਜਾਬੀ/ਅੰਗਰੇਜ਼ੀ ਭਾਸ਼ਾ ਵਿੱਚ ਹੋ ਸਕਦੇ ਹਨ। ਲੇਖ ਵੱਧ ਤੋਂ ਵੱਧ 250 ਸ਼ਬਦਾਂ ਤੱਕ ਸੀਮਤ ਹੋਣਾ ਚਾਹੀਦਾ ਹੈ। ਵਿਦਿਆਰਥੀਆਂ ਵਲੋਂ ਲਿਖੇ ਲੇਖ ਸਬੰਧਤ ਸਕੂਲ ਦੇ ਪ੍ਰਿੰਸੀਪਲ ਵੱਲੋਂ ਇਸ ਗੱਲ ਲਈ ਤਸਦੀਕ ਕੀਤੇ ਜਾਣਗੇ ਕਿ ਇਹ ਵਿਦਿਆਰਥੀ ਦੀ ਆਪਣੀ ਮੌਲਿਕ ਰਚਨਾ ਹੈ। ਅਜਿਹੇ ਲੇਖ ਇਸ ਦਫਤਰ ਵਿੱਚ ਪਹੁੰਚਣ ਦੀ ਆਖਰੀ ਮਿਤੀ 31.08.2025 ਰੱਖੀ ਗਈ ਹੈ। ਮਿੱਥੀ ਮਿਤੀ ਤੱਕ ਪ੍ਰਾਪਤ ਲੇਖਾਂ ਦਾ ਮੁਲਾਂਕਣ ਵਿਸ਼ਾ ਮਾਹਰਾਂ ਵਲੋਂ ਕੀਤਾ ਜਾਵੇਗਾ। ਜਿਲੇ ਦੇ ਪਹਿਲੇ ਤਿੰਨ ਸਥਾਨਾਂ ਦੇ ਜੇਤੂਆਂ ਨੂੰ ਇੱਕ ਰਾਜ ਪੱਧਰੀ ਸਮਾਗਮ ਵਿੱਚ ਸਨਮਾਨਿਤ ਕੀਤਾ ਜਾਵੇਗਾ। ਇਹ ਸਮਾਗਮ 26 ਸਤੰਬਰ 2025 ਨੂੰ ਆਡੀਟੋਰੀਅਮ, ਪੰਜਾਬ ਖੇਤੀਬਾੜੀ ਯੂਨੀਵਰਸਿਟੀ, ਜਿਲਾ ਲੁਧਿਆਣਾ ਵਿੱਚ ਆਯੋਜਿਤ ਕੀਤਾ ਜਾਵੇਗਾ।

ਆਪ ਜੀ ਨੂੰ ਬੇਨਤੀ ਹੈ ਕਿ ਰਾਜ ਦੇ ਸਾਰੇ ਸੀਨੀਅਰ ਸੈਕੰਡਰੀ ਸਕੂਲਾਂ ਨੂੰ ਸੂਚਿਤ ਕਰਨ ਅਤੇ ਸੀਨੀਅਰ ਸੈਕੰਡਰੀ ਜਮਾਤਾਂ ਦੇ ਵਿਦਿਆਰਥੀਆਂ ਨੂੰ ਇਸ ਲੇਖ ਮੁਕਾਬਲੇ ਵਿੱਚ ਭਾਗ ਲੈਣ ਲਈ ਪ੍ਰੇਰਿਤ ਕਰਨ ਦੀ ਖੇਚਲ ਕੀਤੀ ਜਾਵੇ ਜੀ।

30/6/25
ਡਾਇਰੈਕਟਰ
ਡੇਅਰੀ ਵਿਕਾਸ ਵਿਭਾਗ, ਪੰਜਾਬ

ਪਿੱਠ ਅੰਕਣ ਨੰ. ਪੀ.ਡੀ.ਡੀ.ਬੀ/ਪੀ-4/2025 ਮਿਤੀ

ਉਪਰੋਕਤ ਦਾ ਉਤਾਰਾ ਡਾਇਰੈਕਟਰ ਜਨਰਲ ਸਕੂਲ ਸਿਖਿਆ ਪੰਜਾਬ, ਮੋਹਾਲੀ ਨੂੰ ਸੂਚਨਾ ਅਤੇ ਅਗਲੇਰੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

-ਸਹੀ-
ਡਾਇਰੈਕਟਰ
ਡੇਅਰੀ ਵਿਕਾਸ ਵਿਭਾਗ, ਪੰਜਾਬ